# ਦਫਤਰ ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਮੈਜਿਸਟਰੇਟ, ਫਰੀਦਕੋਟ।
## (ਫੁੱਟਕਲ ਸ਼ਾਖਾ)

ਹੁਕਮ ਨੰਬਰ 302 /ਫਸ

ਇਸ ਦਫਤਰ ਵੱਲੋਂ ਹੁਕਮ ਨੰਬਰ 212/ਫਸ ਮਿਤੀ 23.03.2020, ਜੋ ਕਿ ਪਿ.ਅੰ.ਨੰਬਰ 1587/ਫਸ ਮਿਤੀ 23.03.2020 ਰਾਹੀਂ ਕੋਰੋਨਾ ਵਾਇਰਸ ਦੇ ਬਚਾਅ ਲਈ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਅਗਲੇ ਹੁਕਮਾਂ ਤੱਕ ਕਰਫਿਊ ਲਗਾਇਆ ਗਿਆ ਹੈ।

ਜਿਵੇਂ ਕਿ ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ ਵੱਲੋ ਮੀਮੋ ਨੰ: SS/ACSH/2020/SPL-2 dated 29.03.2020 ਰਾਂਹੀ ਜਾਰੀ ਹਦਾਇਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਕਰਫਿਊ ਦੌਰਾਨ ਆਮ ਲੋਕਾਂ ਨੂੰ ਜਰੂਰੀ ਵਸਤਾਂ ਦੀਆਂ ਸੇਵਾਵਾਂ ਮੁਹੱਈਆਂ ਕਰਵਾਈਆ ਜਾਣੀਆਂ ਹਨ।

ਇਸ ਲਈ ਆਮ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਜਿਲ੍ਹਾ ਫਰੀਦਕੋਟ ਅੰਦਰ ਐਮ.ਆਰ.ਆਈ/ਸੀ.ਟੀ. ਸਕੇਨ/ਡਾਇਗਨੋਸਟਿਕ ਸੈਂਟਰ ਆਮ ਲੋਕਾਂ ਦੀ ਸਹੂਲਤ ਲਈ 24 ਘੰਟੇ ਖੋਲਣ ਲਈ ਕਰਫਿਊ ਦੇ ਹੁਕਮਾਂ ਤੋਂ ਛੋਟ ਦਿੰਦਾ ਹਾਂ। ਇਨ੍ਹਾਂ ਸੈਂਟਰਾਂ ਦੇ ਮੁਲਾਜਮਾਂ ਨੂੰ ਕਰਫਿਊ ਪਾਸ ਸਿਵਲ ਸਰਜਨ, ਫਰੀਦਕੋਟ ਵਲੋਂ ਜਾਰੀ ਕੀਤੇ ਜਾਣਗੇ ਅਤੇ ਇਹ ਸੈਂਟਰ ਘੱਟੋ ਘੱਟ ਮੁਲਾਜਮਾਂ ਦੀ ਹਾਜਰੀ ਵਿੱਚ ਹੀ ਕੰਮ ਕਰਨਗੇ।

ਅਜਿਹਾ ਕਰਦੇ ਸਮੇਂ ਐਮ.ਆਰ.ਆਈ/ਸੀ.ਟੀ. ਸਕੇਨ/ਡਾਇਗਨੋਸਟਿਕ ਸੈਂਟਰ ਮਾਲਕ ਕੋਰੋਨਾ ਵਾਈਰਸ ਦੀ ਰੋਕਥਾਮ ਲਈ ਭਾਰਤ ਸਰਕਾਰ/ਪੰਜਾਬ ਸਰਕਾਰ/ਨਿਮਨਹਸਤਾਖਰ ਵਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਨਾਉਣਗੇ ਅਤੇ ਸਮਾਜਿਕ ਦੂਰੀ ਬਣਾਈ ਰੱਖਣ ਲਈ ਨਿਯਮਾਂ ਦੀ ਪਾਲਣਾ ਕਰਨਗੇ। ਨਿਯਮਾਂ ਦੀ ਉਲੰਘਣਾ ਕਰਨ ਵਾਲਿਆ ਖਿਲਾਫ ਕਾਨੂੰਨ ਦੀਆਂ ਧਾਰਵਾਂ ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਹੁਕਮ ਅੱਜ ਮਿਤੀ 31-03-2020 ਨੂੰ ਨਿਮਨਹਸਤਾਖਰ ਦੇ ਹਸਤਾਖਰਾਂ ਅਤੇ ਦਫਤਰ ਦੀ ਮੋਹਰ ਹੇਠ ਜਾਰੀ ਕੀਤਾ ਗਿਆ।

ਮਿਤੀ 31.03.2020

(ਕੁਮਾਰ ਸੋਰਭ ਰਾਜ),ਆਈ.ਏ.ਐਸ.,
ਜਿਲ੍ਹਾ ਮੈਜਿਸਟਰੇਟ, ਫਰੀਦਕੋਟ।

ਪਿੱ:ਅੰ:ਨੰ: 1767 /ਫਸ-ਫਕ-2 ਮਿਤੀ 31-03-2020
ਉਪਰੋਕਤ ਦਾ ਉਤਾਰਾ:-

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਿੰਸੀਪਲ ਸਕੱਤਰ, ਪੰਜਾਬ ਸਰਕਾਰ, ਸਿਹਤ ਵਿਭਾਗ, ਪੰਜਾਬ, ਚੰਡੀਗੜ੍ਹ।
3) ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ
4) ਸੀਨੀਅਰ ਕਪਤਾਨ ਪੁਲਿਸ, ਫਰੀਦਕੋਟ
5) ਉਪ ਮੰਡਲ ਮੈਜਿਸਟਰੇਟ, ਫਰੀਦਕੋਟ/ਕੋਟਕਪੂਰਾ ਅਤੇ ਜੈਤੋ
6) ਸਿਵਲ ਸਰਜਨ, ਫਰੀਦਕੋਟ
7) ਡੀ.ਐਫ.ਐਸ.ਸੀ., ਫਰੀਦਕੋਟ
8) ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਫਰੀਦਕੋਟ
9) ਤਹਿਸੀਲਦਾਰ, ਫਰੀਦਕੋਟ, ਕੋਟਕਪੂਰਾ ਅਤੇ ਜੈਤੋ
10) ਬੀ.ਡੀ.ਪੀ.ਓ., ਫਰੀਦਕੋਟ, ਕੋਟਕਪੂਰਾ ਅਤੇ ਜੈਤੋ

ਜਿਲ੍ਹਾ ਮੈਜਿਸਟਰੇਟ, ਫਰੀਦਕੋਟ

ਪਾਸ ਸੂਚਨਾ ਅਤੇ ਉਕਤ ਹੁਕਮਾਂ ਦੀ ਪਾਲਣਾ ਕਰਨ ਹਿੱਤ ਭੇਜਿਆ ਜਾਂਦਾ ਹੈ।

ਜਿਲ੍ਹਾ ਮੈਜਿਸਟਰੇਟ,
ਫਰੀਦਕੋਟ

Scanned with CamScanner